# ਬ੍ਰਿਕਸ ਵਪਾਰ ਫੋਰਮ ਦੇ ਨੇਤਾਵਾਂ ਦੀ ਵਾਰਤਾਲਾਪ ਵਿੱਚ ਪ੍ਰਧਾਨ ਮੰਤਰੀ ਦੀ ਭਾਗੀਦਾਰੀ

22 ਅਗਸਤ, 2023

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ 22 ਅਗਸਤ 2023 ਨੂੰ ਜੋਹਾਨਸਬਰਗ ਵਿੱਚ ਬ੍ਰਿਕਸ ਵਪਾਰ ਫੋਰਮ ਦੇ ਨੇਤਾਵਾਂ ਦੀ ਵਾਰਤਾਲਾਪ ਵਿੱਚ ਹਿੱਸਾ ਲਿਆ।

ਨੇਤਾਵਾਂ ਨੂੰ ਬ੍ਰਿਕਸ ਵਪਾਰ ਫੋਰਮ ਦੇ ਵਿਚਾਰ-ਵਟਾਂਦਰੇ ਬਾਰੇ ਜਾਣਕਾਰੀ ਦਿੱਤੀ ਗਈ।

ਪ੍ਰਧਾਨ ਮੰਤਰੀ ਨੇ ਸਮਾਜਿਕ ਅਤੇ ਆਰਥਿਕ ਚੁਣੌਤੀਆਂ ਨਾਲ ਨਜਿੱਠਣ ਲਈ ਤਕਨਾਲੋਜੀ ਆਧਾਰਿਤ ਉਪਾਵਾਂ ਸਮੇਤ ਕਾਰੋਬਾਰ ਕਰਨ ਦੀ ਸੌਖ ਨੂੰ ਬਿਹਤਰ ਬਣਾਉਣ ਸਬੰਧੀ ਭਾਰਤ ਵੱਲੋਂ ਕੀਤੇ ਜਾ ਰਹੇ ਵੱਖ-ਵੱਖ ਸੁਧਾਰਾਂ ਨੂੰ ਉਜਾਗਰ ਕੀਤਾ। ਪ੍ਰਧਾਨ ਮੰਤਰੀ ਨੇ ਬ੍ਰਿਕਸ ਵਪਾਰਕ ਨੇਤਾਵਾਂ ਨੂੰ ਭਾਰਤ ਦੀ ਵਿਕਾਸ ਯਾਤਰਾ ਵਿੱਚ ਹਿੱਸਾ ਲੈਣ ਲਈ ਸੱਦਾ ਦਿੱਤਾ।

ਪ੍ਰਧਾਨ ਮੰਤਰੀ ਨੇ ਜ਼ਿਕਰ ਕੀਤਾ ਕਿ ਕੋਵਿਡ ਨੇ ਲਚਕੀਲੀਆਂ ਅਤੇ ਸਮਾਵੇਸ਼ੀ ਸਪਲਾਈ ਚੇਨਾਂ ਦੇ ਮਹੱਤਵ ਨੂੰ ਉਜਾਗਰ ਕੀਤਾ ਅਤੇ ਇਸਦੇ ਲਈ ਆਪਸੀ ਵਿਸ਼ਵਾਸ ਅਤੇ ਪਾਰਦਰਸ਼ਤਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਹੈ।

ਉਨ੍ਹਾਂ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਬ੍ਰਿਕਸ ਮਿਲ ਕੇ ਅੰਤਰਰਾਸ਼ਟਰੀ ਕਲਿਆਣ, ਖਾਸ ਕਰਕੇ ਗਲੋਬਲ ਸਾਊਥ ਲਈ ਮਹੱਤਵਪੂਰਨ ਯੋਗਦਾਨ ਪਾ ਸਕਦੇ ਹਨ।

**ਜੋਹਾਨਸਬਰਗ**
**22 ਅਗਸਤ, 2023**